ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਪ੍ਰੋਜੈਕਟਾਂ ਦੇ ਮੱਦੇ-ਨਜ਼ਰ ਅਕਵਾਇਰ ਕੀਤੀ ਜ਼ਮੀਨ ਬਦਲੇ ਲੋਕਾਂ ਨੂੰ ਦਿੱਤਾ ਜਾ ਰਿਹੈ ਢੁੱਕਵਾਂ ਮੁਆਵਜ਼ਾ-ਜੱਥੇਦਾਰ ਤੋਤਾ ਸਿੰਘ**

- **ਕੌਮੀ ਸ਼ਾਹ ਮਾਰਗ-71 ਨੂੰ ਚੌੜਾ ਤੇ ਮਜ਼ਬੂਤ ਕਰਨ ਲਈ ਅਕਵਾਇਰ ਕੀਤੀ ਗਈ ਜ਼ਮੀਨ ਦੇ 32 ਮਾਲਕਾਂ ਨੂੰ 8.71 ਕਰੋੜ ਰੁਪਏ ਦੀ ਰਾਸ਼ੀ ਦੇ ਵੰਡੇ ਚੈਕ**
- **ਲੋਕ ਜਮੀਨ ਦੀ ਬਣਦੀ ਕੀਮਤ ਤੋਂ ਵੱਧ ਮੁਆਵਜ਼ਾ ਮਿਲਣ 'ਤੇ ਸੁਤੰਸ਼ਟ**

ਮੋਗਾ ਫ਼ਰਵਰੀ 19:

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਪ੍ਰੋਜੈਕਟਾਂ ਨੂੰ ਸੁਚਾਰੂ ਢੰਗ ਨਾਂਲ ਨੇਪਰੇ ਚਾੜ੍ਹਨ ਦੇ ਮਕਸਦ ਲਈ ਕਿਸਾਨਾਂ ਦੀ ਅਕਵਾਇਰ ਕੀਤੀ ਗਈ ਜ਼ਮੀਨ ਬਦਲੇ ਉਨ੍ਹਾਂ ਨੂੰ ਢੁੱਕਵਾਂ ਮੁਆਵਜ਼ਾ ਦਿੱਤਾ ਜਾ ਰਿਹਾ ਹੈ ਅਤੇ ਪ੍ਰਭਾਵਿਤ ਵਿਅਕਤੀਆਂ 'ਚ ਇਸ 'ਤੇ ਸੁਤੰਸ਼ਟੀ ਵੀ ਪਾਈ ਜਾ ਰਹੀ ਹੈ।

ਇਹ ਪ੍ਰਗਟਾਵਾ ਖੇਤੀਬਾੜੀ ਮੰਤਰੀ ਜੱਥੇਦਾਰ ਤੋਤਾ ਸਿੰਘ ਨੇ ਅੱਜ ਸਥਾਨਕ ਲੋਕ ਨਿਰਮਾਣ ਵਿਭਾਗ ਰੈਸਟ ਹਾਊਸ ਵਿਖੇ ਕੌਮੀ ਸ਼ਾਹ ਮਾਰਗ-71 ਨੂੰ ਚੌੜਾ ਤੇ ਮਜ਼ਬੂਤ ਕਰਨ ਦੇ ਮੰਤਵ ਨਾਲ ਅਕਵਾਇਰ ਕੀਤੀ ਗਈ ਜ਼ਮੀਨ ਦੇ 32 ਮਾਲਕਾਂ ਨੂੰ 8.71 ਕਰੋੜ ਰੁਪਏ ਦੀ ਰਾਸ਼ੀ ਦੇ ਚੈਕ ਵੰਡਣ ਸਮੇਂ ਪੱਤਰਕਾਰਾਂ ਨਾਂਲ ਗੱਲਬਾਤ ਕਰਦਿਆਂ ਕੀਤਾ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਕੌਮੀ ਸ਼ਾਹ ਮਾਰਗ-71 ਨੂੰ ਜਲੰਧਰ ਤੋਂ ਦਿੱਲੀ ਤੱਕ ਵਾਇਆ ਮੋਗਾ-ਬਰਨਾਲਾ-ਜੀਂਦ, ਚੌੜਾ ਤੇ ਮਜ਼ਬੂਤ ਕਰਨ ਦਾ ਕੰਮ ਆਉਂਦੇ ਅਪ੍ਰੈਲ ਮਹੀਨੇ 'ਚ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਘੇਰੇ ਅੰਦਰ ਜ਼ਿਲ੍ਹੇ ਦੀ ਸਬ-ਡਵੀਜ਼ਨ ਧਰਮਕੋਟ, ਮੋਗਾ ਅਤੇ ਨਿਹਾਲ ਸਿੰਘ ਵਾਲਾ ਦੇ ਕੁੱਝ ਪਿੰਡ ਆ ਰਹੇ ਹਨ ਅਤੇ ਇੰਨ੍ਹਾਂ ਪਿੰਡਾਂ ਦੇ ਜ਼ਮੀਨ ਮਾਲਕਾਂ ਨੂੰ ਢੁੱਕਵਾਂ ਮੁਆਵਜ਼ਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ ਸਬ-ਡਵੀਜ਼ਨ ਮੋਗਾ ਦੇ 14 ਲਾਭਪਾਤਰੀਆਂ ਨੂੰ ਲਗਭੱਗ 7 ਕਰੋੜ ਰੁਪਏ ਅਤੇ ਸਬ-ਡਵੀਜ਼ਨ ਨਿਹਾਲ ਸਿੰਘ ਵਾਲਾ ਦੇ 18 ਲਾਭਪਾਤਰੀਆਂ ਨੂੰ 1.71 ਕਰੋੜ ਰੁਪਏ ਦੀ ਰਾਸ਼ੀ ਦੇ ਚੈਕ ਵੰਡੇ ਗਏ। ਉਨ੍ਹਾਂ ਇਹ ਵੀ ਦੱਸਿਆ ਕਿ ਬਾਕੀ ਰਹਿੰਦੇ ਸਾਰੇ ਲਾਭਪਾਤਰੀਆਂ ਨੂੰ ਜਲਦੀ ਹੀ ਮੁਆਵਜ਼ੇ ਦੀ ਰਾਸ਼ੀ ਦੇ ਚੈਕ ਦੇ ਦਿੱਤੇ ਜਾਣਗੇ।

ਜੱਥੇਦਾਰ ਤੋਤਾ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਮੀਨ ਮਾਲਕਾਂ ਨੂੰ ਅਕਵਾਇਰ ਕੀਤੀ ਜ਼ਮੀਨ ਦੀ ਬਣਦੀ ਕੀਮਤ ਤੋਂ ਵੱਧ ਅਦਾਇਗੀ ਕੀਤੀ ਜਾ ਰਹੀ ਹੈ, ਜਿਸ ਕਾਰਣ ਲੋਕਾਂ 'ਚ ਖੁਸੀ ਪਾਈ ਜਾ ਰਹੀ ਹੈ ਅਤੇ ਉਹ ਵੱਧ ਕੀਮਤ ਮਿਲਣ 'ਤੇ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਦਾ ਧੰਨਵਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਈ ਲੋਕਾਂ ਵੱਲੋਂ ਇਸ ਕੌਮੀ ਸ਼ਾਹ ਮਾਰਗ ਦੇ ਨਾਲ ਲੱਗਦੇ ਪਿੰਡਾਂ 'ਚ ਜ਼ਮੀਨ ਖਰੀਦ ਕੇ ਮਕਾਨ ਬਣਾਏ ਗਏ ਹਨ ਅਤੇ ਉਹ ਕਈ ਸਾਲਾਂ ਤੋਂ ਉਨ੍ਹਾਂ ਮਕਾਨਾਂ 'ਚ ਰਹਿ ਰਹੇ ਹਨ, ਪ੍ਰੰਤੂ ਮਾਲ ਵਿਭਾਗ ਦੇ ਰਿਕਾਰਡ 'ਚ ਇਹ ਜ਼ਮੀਨ ਵੇਚਣ ਵਾਲੇ ਵਿਅਕਤੀ ਦੇ ਨਾਂ 'ਤੇ ਹੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਲਦੀ ਹੀ ਕਮੇਟੀ ਗਠਿਤ ਕੀਤੀ ਜਾਵੇਗੀ ਤਾਂ ਜੋ ਯੋਗ ਵਿਅਕਤੀਆਂ ਨੂੰ ਮੁਆਵਜ਼ੇ ਦੀ ਰਕਮ ਮਿਲ ਸਕੇ।

ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਬੀਬੀ ਰਾਜਵਿੰਦਰ ਕੌਰ ਭਾਗੀਕੇ, ਮੇਅਰ ਨਗਰ ਨਿਗਮ ਅਕਸ਼ਿਤ ਜੈਨ, ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ, ਐਸ.ਐਸ.ਪੀ ਮੁਖਵਿੰਦਰ ਸਿੰਘ ਭੁੱਲਰ, ਐਸ.ਡੀ.ਐਮ

ਮੋਗਾ ਸੁਰਿੰਦਰ ਕੌਰ, ਜ਼ਿਲ੍ਹਾ ਮਾਲ ਅਫ਼ਸਰ ਸਵਿਤਾ ਰਾਣੀ, ਗੁਰਮਿੰਦਰਜੀਤ ਸਿੰਘ ਬਬਲੂ, ਜਿਲ੍ਹਾ ਪ੍ਰਧਾਨ ਅਨੁਸੂਚਿਤ ਜਾਤੀ ਵਿੰਗ ਬਲਵਿੰਦਰਪਾਲ ਸਿੰਘ ਹੈਪੀ, ਜਗਜੀਤ ਸਿੰਘ ਜੌੜਾ, ਐਸ.ਜੀ.ਪੀ.ਸੀ ਮੈਂਬਰ ਹਰਿੰਦਰ ਸਿੰਘ ਰਣੀਆਂ, ਤਹਿਸੀਲਦਾਰ ਸੀਸ਼ਪਾਲ ਸਿੰਘ ਅਤੇ ਨਾਇਬ ਤਹਿਸੀਲਦਾਰ ਬਲਦੇਵ ਸਿੰਘ ਆਦਿ ਮੌਜੂਦ ਸਨ।

------------------

ਨੰ: ਪੀ.ਆਰ(ਪ੍ਰੈ ਰੀ)2016/94







